# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :29-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਅੰਬਾਲਾ ਸਥਿਤ AIR FORCE STATION ਤੋਂ ਰਾਫੇਲ ਜੰਗੀ ਹਵਾਈ ਜਹਾਜ਼ ਵਿੱਚ ਉਡਾਣ ਭਰੀ।

- ਪੰਜਾਬ ਵਿੱਚ ਅੱਜ ਤੋਂ ਜਨਤਾ ਦੀ ਸਹੂਲਤ ਲਈ ਫੇਸਲੈੱਸ ਆਰ.ਟੀ.ਓ. ਸੇਵਾਵਾਂ ਸ਼ੁਰੂ ਹੋ ਗਈਆਂ ਨੇ।

- ਬੱਚਿਆਂ ਨੂੰ ਵੱਧ ਰਹੇ ਔਨਲਾਈਨ ਖਤਰਿਆਂ ਤੋਂ ਬਚਾਉਣ ਲਈ, ਪੰਜਾਬ ਪੁਲਿਸ ਦੇ ਸਾਈਬਰ ਅਪਰਾਧ ਡਿਵੀਜ਼ਨ ਵਲੋਂ ਰਾਜ ਵਿਆਪੀ ਪ੍ਰੋਗਰਾਮ 'ਸਾਈਬਰ ਜਾਗੋ' ਦੀ ਸ਼ੁਰੂਆਤ.

- ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ 100 ਲੱਖ ਮੀਟਰਿਕ ਟਨ ਨੂੰ ਪਾਰ ਕਰ ਗਈ ਏ.

- ਜਲੰਧਰ ਤੋਂ ਨਮਿਤਬੀਰ ਸਿੰਘ ਵਾਲੀਆ ਨੇ ਸ਼ਤਰੰਜ ਵਿੱਚ ਅੰਤਰਰਾਸ਼ਟਰੀ ਮਾਸਟਰ ਦਾ ਦਰਜਾ ਹਾਸਿਲ ਕੀਤਾ ਏ।

- 42ਵੇਂ ਇੰਡੀਅਨ ਆਾਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ'ਚ ਅੱਜ ਕੁਆਰਟਰ ਫਾਈਨਲ ਮੁਕਾਬਲੇ ਖੇਡੇ ਜਾ ਰਹੇ ਨੇ.

**ਹੁਣ ਖਬਰਾਂ ਵਿਸਥਾਰ ਨਾਲ**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਹਰਿਆਣਾ ਦੇ ਅੰਬਾਲਾ ਸਥਿਤ AIR FORCE STATION ਤੋਂ ਰਾਫੇਲ ਜੰਗੀ ਹਵਾਈ ਜਹਾਜ਼ ਵਿੱਚ ਉਡਾਣ ਭਰੀ। ਇਹ ਉਡਾਣ ਲਗਭਗ 25 ਮਿੰਟ ਦੀ ਸੀ। ਅੱਜ ਸਵੇਰੇ AIR FORCE STATION 'ਤੇ ਪਹੁੰਚਣ 'ਤੇ ਰਾਸ਼ਟਰਪਤੀ ਨੂੰ ਰਸਮੀ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਤੋਂ ਪਹਿਲਾਂ, ਏਅਰ ਚੀਫ਼ ਮਾਰਸ਼ਲ ਅਮਰਪ੍ਰੀਤ ਸਿੰਘ, ਹਰਿਆਣਾ ਦੇ ਕੈਬਨਿਟ ਮੰਤਰੀ ਅਨਿਲ ਵਿਜ, ਅੰਬਾਲਾ ਦੇ ਡਿਪਟੀ ਕਮਿਸ਼ਨਰ ਅਜੈ ਸਿੰਘ ਤੋਮਰ ਅਤੇ ਕਈ ਹੋਰ ਅਧਿਕਾਰੀਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਅਪ੍ਰੈਲ 2023 ਵਿੱਚ, ਭਾਰਤੀ ਹਥਿਆਰਬੰਦ ਫੌਜਾਂ ਦੇ ਸੁਪਰੀਮ ਕਮਾਂਡਰ ਰਾਸ਼ਟਰਪਤੀ

ਮੁਰਮੂ ਨੇ ਅਸਾਮ ਦੇ ਤੇਜ਼ਪੁਰ AIR FORCE STATION 'ਤੇ ਸੁਖੋਈ-30 MKI ਜੰਗੀ ਹਵਾਈ ਜਹਾਜ਼ ਵਿੱਚ ਉਡਾਣ ਭਰੀ ਸੀ।

--------------------------------------------------------

ਪੰਜਾਬ ਵਿੱਚ ਅੱਜ ਤੋਂ ਜਨਤਾ ਦੀ ਸਹੂਲਤ ਲਈ ਫੇਸਲੈੱਸ ਆਰ.ਟੀ.ਓ. ਸੇਵਾਵਾਂ ਦੀ ਸ਼ੁਰੂਆਤ ਕੀਤੀ ਗਈ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਸ ਸਕੀਮ ਦੀ LUDHIANAN ਤੋਂ ਸ਼ੁਰੂਆਤ ਕਰਦਿਆਂ ਭ੍ਰਿਸ਼ਟਾਚਾਰ ਦੇ ਯੁੱਗ ਨੂੰ ਖ਼ਤਮ ਕਰਨ ਦੇ ਪ੍ਰਤੀਕ ਵਜੋਂ ਇੱਥੇ RTO ਦਫ਼ਤਰ ਨੂੰ ਤਾਲਾ ਲਾਇਆ. ਇਸ ਮੌਕੇ ਓਹਨਾਂ ਕਿਹਾ ਕਿ ਇਸ ਪਹਿਲਕਦਮੀ ਨਾਲ ਆਮ ਆਦਮੀ ਨੂੰ ਹੋਣ ਵਾਲੀ ਦਿੱਕਤ ਅਤੇ ਭ੍ਰਿਸ਼ਟਾਚਾਰ `ਤੇ ਰੋਕ ਲਗਾਈ ਗਈ ਏ ਅਤੇ ਇਹ ਸੂਬਾ ਸਰਕਾਰ ਦੀ ਭ੍ਰਿਸ਼ਟਾਚਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਮੁਤਾਬਕ ਏ। ਹੁਣ ਲੋਕ 1076 ਨੰਬਰ`ਤੇ ਕਾਲ ਕਰ ਕੇ ਆਪਣਾ ਡਰਾਈਵਿੰਗ ਲਾਇਸੈਂਸ, ਰਜਿਸਟਰੇਸ਼ਨ ਸਰਟੀਫਿਕੇਟ ਅਤੇ ਹੋਰ ਦਸਤਾਵੇਜ਼ ਪ੍ਰਾਪਤ ਕਰ ਸਕਣਗੇ। ਡਰਾਈਵਿੰਗ ਲਾਇਸੈਂਸ ਅਤੇ ਵਾਹਨ ਰਜਿਸਟ੍ਰੇਸ਼ਨ ਸਰਟੀਫਿਕੇਟ ਨਾਲ ਸਬੰਧਤ ਕੁੱਲ 56 ਪ੍ਰਮੁੱਖ ਸੇਵਾਵਾਂ ਨੂੰ ਹੁਣ ਪੂਰੀ ਤਰ੍ਹਾਂ ਫੇਸਲੈੱਸ ਕਰ ਦਿੱਤਾ ਗਿਆ ਏ |ਹੁਣ ਨਾਗਰਿਕਾਂ ਨੂੰ RTO ਦਫ਼ਤਰਾਂ ਦੇ ਚੱਕਰ ਨਹੀਂ ਲਗਾਉਣੇ ਪੈਣਗੇ ਕਿਉਂਕਿ ਇਹ ਸੇਵਾਵਾਂ ਪੰਜਾਬ ਭਰ ਵਿੱਚ ਕਾਇਮ ਸੇਵਾ ਕੇਂਦਰਾਂ ਰਾਹੀਂ ਪ੍ਰਦਾਨ ਕੀਤੀਆਂ

ਜਾਣਗੀਆਂ .ਮੁੱਖ ਮੰਤਰੀ ਨੇ ਸਪੱਸ਼ਟ ਤੌਰ `ਤੇ ਕਿਹਾ ਕਿ ਟਰਾਂਸਪੋਰਟ ਵਿਭਾਗ ਦੇ ਕਿਸੇ ਵੀ ਮੁਲਾਜ਼ਮ ਨੂੰ ਨੌਕਰੀ ਤੋਂ ਨਹੀਂ ਕੱਢਿਆ ਜਾਵੇਗਾ ਅਤੇ ਸੂਬਾ ਸਰਕਾਰ ਵੱਲੋਂ ਉਨ੍ਹਾਂ ਦੀ ਯੋਗਤਾ ਮੁਤਾਬਿਕ ਹੋਰ ਵਿਭਾਗਾਂ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਦੀ ਵਰਤੋਂ ਕੀਤੀ ਜਾਵੇਗੀ।

---------------------------------------------------------------

ਬੱਚਿਆਂ ਨੂੰ ਵੱਧ ਰਹੇ ਔਨਲਾਈਨ ਖਤਰਿਆਂ ਤੋਂ ਬਚਾਉਣ ਅਤੇ ਉਨ੍ਹਾਂ ਦੀ ਡਿਜੀਟਲ ਭਲਾਈ ਨੂੰ ਯਕੀਨੀ ਬਣਾਉਣ ਲਈ, ਪੰਜਾਬ ਪੁਲਿਸ ਦੇ ਸਾਈਬਰ ਅਪਰਾਧ ਡਿਵੀਜ਼ਨ ਨੇ ਇੱਕ ਪ੍ਰਮੁੱਖ ਰਾਜ ਵਿਆਪੀ ਪ੍ਰੋਗਰਾਮ 'ਸਾਈਬਰ ਜਾਗੋ' ਸ਼ੁਰੂ ਕੀਤਾ ਏ, ਜੋ ਕਿ ਪੰਜਾਬ ਭਰ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਇੰਟਰਨੈੱਟ ਸੁਰੱਖਿਆ ਅਤੇ ਸੁਰੱਖਿਅਤ ਔਨਲਾਈਨ ਵਰਤੋਂ ਬਾਰੇ ਜਾਗਰੂਕਤਾ ਫੈਲਾਉਣ ਲਈ ਏ । ਰਾਜ ਦੇ ਪੁਲਿਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ, ਸਾਈਬਰ ਅਪਰਾਧ, ਸ਼੍ਰੀਮਤੀ ਵੀ. ਨੀਰਜਾ ਨੇ ਕਿਹਾ ਕਿ ਡਿਜੀਟਲ ਸਮੱਗਰੀ ਦੀ ਵਿਆਪਕ ਉਪਲਬਧਤਾ ਅਤੇ ਅਣਉਚਿਤ ਸਮੱਗਰੀ ਅਤੇ ਸਾਈਬਰ ਖਤਰਿਆਂ ਦੇ ਵਧਦੇ ਸੰਪਰਕ ਨੂੰ ਸਮੂਹਿਕ ਤੌਰ ‘ਤੇ ਅਤੇ ਫੌਰਨ ਹੱਲ ਕਰਨ ਦੀ ਲੋੜ ਏ । ਉਨ੍ਹਾਂ ਕਿਹਾ ਕਿ ਅਗਲੀ ਪੀੜ੍ਹੀ ਦੇ ਸਰਪ੍ਰਸਤ ਹੋਣ ਦੇ ਨਾਤੇ, ਸਾਨੂੰ ਇਨ੍ਹਾਂ ਖਤਰਿਆਂ ਨੂੰ ਸਮਝਣਾ ਚਾਹੀਦਾ ਏ ਅਤੇ ਬੱਚਿਆਂ ਨੂੰ ਔਨਲਾਈਨ ਖਤਰਿਆਂ ਤੋਂ ਬਚਾਉਣ ਲਈ ਸਰਗਰਮ ਕਦਮ ਚੁੱਕਣੇ

ਚਾਹੀਦੇ ਨੇ. ਅਧਿਆਪਕਾਂ ਅਤੇ ਮਾਪਿਆਂ ਨੂੰ ਔਨਲਾਈਨ ਸੁਰੱਖਿਆ ਬਾਰੇ ਬੱਚਿਆਂ ਨਾਲ ਖੁੱਲ੍ਹ ਕੇ ਗੱਲਬਾਤ ਕਰਨੀ ਚਾਹੀਦੀ ਏ ਅਤੇ ਔਨਲਾਈਨ ਖਤਰਿਆਂ 'ਤੇ ਗੱਲਬਾਤ ਸ਼ੁਰੂ ਹੋਣੀ ਚਾਹੀਦੀ ਏ।

-------------------------------------------------------------------

ਜਨਤਕ ਜੀਵਨ ਵਿੱਚ ਈਮਾਨਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਭ੍ਰਿਸ਼ਟਾਚਾਰ ਮੁਕਤ ਸਮਾਜ ਸਿਰਜਣ ਲਈ ਦੇਸ਼ ਭਰ ਵਿੱਚ ਵਿਜੀਲੈਂਸ ਜਾਗਰੂਕਤਾ ਹਫ਼ਤਾ 2025 ਮਨਾਇਆ ਜਾ ਰਿਹਾ ਏ। ਇਸ ਹਫ਼ਤੇ ਦਾ ਵਿਸ਼ਾ ਏ, "ਵਿਜੀਲੈਂਸ - ਸਾਡੀ ਸਾਂਝੀ ਜ਼ਿੰਮੇਵਾਰੀ"। ਇਹ ਸ਼ਾਸਨ ਅਤੇ ਜਨਤਕ ਪ੍ਰਸ਼ਾਸਨ ਵਿੱਚ ਨੈਤਿਕਤਾ ਅਤੇ ਪਾਰਦਰਸ਼ਤਾ ਦੀ ਜ਼ਰੂਰਤ ਬਾਰੇ ਵਧੇਰੇ ਸੰਵੇਦਨਸ਼ੀਲਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਪੂਰੇ ਦੇਸ਼ ਦੀ ਤਰ੍ਹਾਂ, ਪੰਜਾਬ ਭਰ ਵਿਚ ਇਸ ਹਫ਼ਤੇ ਦੀ ਸ਼ੁਰੂਆਤ ਮੰਤਰਾਲਿਆਂ, ਵਿਭਾਗਾਂ, ਜਨਤਕ ਅਦਾਰਿਆਂ, ਬੈਂਕਾਂ ਅਤੇ ਹੋਰ ਸਾਰੇ ਸੰਗਠਨਾਂ ਵਿੱਚ ਜਨਤਕ ਸੇਵਕਾਂ ਦੁਆਰਾ ਸਹੁੰ ਚੁੱਕਣ ਨਾਲ ਹੋਈ। ਹਫ਼ਤੇ ਦੌਰਾਨ, ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਕਈ ਸਮਾਗਮ ਕਰਾਏ ਜਾ ਰਹੇ ਨੇ। ਆਕਾਸ਼ਵਾਣੀ ਖਬਰਾਂ ਨਾਲ ਖਾਸ ਤੌਰ ‘ਤੇ ਗੱਲਬਾਤ ਕਰਦਿਆਂ ਜਲੰਧਰ ਦੇ SSP ਵਿਜੀਲੈਂਸ, ਹਰਪ੍ਰੀਤ ਸਿੰਘ ਮੰਡੇਰ ਨੇ ਇਸ ਸੰਬੰਧ ‘ਚ ਕਿਹਾ

byte

---------------------------------------------------------

ਆਕਾਸ਼ਵਾਣੀ ਦੇ 90 ਸਾਲ ਪੂਰੇ ਹੋਣ ਤੇ ਵੱਖ ਵੱਖ ਸਿੱਖਿਅਕ ਅਦਾਰਿਆਂ ਵਿੱਚ YOUTH OUTREACH PROGRAMME "Akashvani@90" ਕਰਵਾਏ ਜਾ ਰਹੇ ਨੇ. ਇਸੇ ਸੰਬੰਧ 'ਚ ਅੱਜ ਆਕਾਸ਼ਵਾਣੀ ਜਲੰਧਰ ਵੱਲੋਂ I. K. GUJRAL PUNJAB TECHNICAL UNIVERSITY ਵਿਖੇ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਆਕਾਸ਼ਵਾਣੀ ਖਬਰਾਂ ਨਾਲ ਗੱਲਬਾਤ ਕਰਦਿਆਂ UNIVERSITY ਦੇ ਪੱਤਰਕਾਰਿਤਾ ਵਿਭਾਗ ਦੇ ਮੁਖੀ ਡਾ. ਰਣਬੀਰ ਸਿੰਘ ਨੇ ਦੱਸਿਆ –

byte

---------------------------------------------------------

ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ 100 ਲੱਖ ਮੀਟਰਿਕ ਟਨ LMT ਨੂੰ ਪਾਰ ਕਰ ਗਈ ਏ, ਜਿਸ ਵਿੱਚੋਂ 97 LMT ਤੋਂ ਵੱਧ ਫ਼ਸਲ ਦੀ ਖਰੀਦ ਕਰ ਲਈ ਗਈ ਏ । ਫ਼ਸਲ ਦੀ ਤੇਜ਼ੀ ਨਾਲ ਖ਼ਰੀਦ ਨੂੰ ਪੰਜਾਬ ਸਰਕਾਰ ਦੀਆਂ ਕਿਸਾਨ-ਪੱਖੀ ਨੀਤੀਆਂ ਦਾ ਪ੍ਰਮਾਣ ਦੱਸਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਕੀਤੇ

ਗਏ ਨੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸੇ ਵੀ ਭਾਈਵਾਲ, ਭਾਵੇਂ ਉਹ ਕਿਸਾਨ, ਕਮਿਸ਼ਨ ਏਜੰਟ ਜਾਂ ਮਜ਼ਦੂਰ ਹੋਵੇ, ਨੂੰ ਕੋਈ ਮੁਸ਼ਕਲ ਦਰਪੇਸ਼ ਨਾ ਆਵੇ। ਜਿੱਥੋਂ ਤੱਕ ਫ਼ਸਲ ਦੀ ਚੁਕਾਈ ਦਾ ਸਵਾਲ ਏ , ਖ਼ਰੀਦੀ ਗਈ ਫਸਲ ਵਿੱਚੋਂ 77 LMT ਤੋਂ ਵੱਧ ਦੀ ਚੁਕਾਈ ਕੀਤੀ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਫ਼ਸਲ ਦੀ ਅਦਾਇਗੀ ਦੇ ਸਬੰਧ ਵਿੱਚ ਕਿਸਾਨਾਂ ਦੇ ਖਾਤਿਆਂ ‘ਚ 21 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਤਬਦੀਲ ਕਰ ਦਿੱਤੀ ਗਈ ਏ । ਇਸ ਦੌਰਾਨ ਕੈਬਨਿਟ ਮੰਤਰੀ ਨੇ ਕਿਸਾਨ ਭਾਈਚਾਰੇ ਨੂੰ ਮੰਡੀਆਂ ਵਿੱਚ ਸੁੱਕੀ ਫਸਲ ਲਿਆਉਣ ਲਈ ਕਿਹਾ ਤਾਂ ਜੋ ਉਨ੍ਹਾਂ ਨੂੰ ਸਖ਼ਤ ਮਿਹਨਤ ਨਾਲ ਪੈਦਾ ਕੀਤੀ ਫਸਲ ਦਾ ਪੂਰਾ ਮੁੱਲ ਮਿਲ ਸਕੇ।

---------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕੀਤੇ ਜਾਣ ਵਾਲੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ । ਉਨ੍ਹਾਂ SDM, ਅਲਕਾ ਕਾਲੀਆ, ਲੋਕ ਨਿਰਮਾਣ ਵਿਭਾਗ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਨੇੜੇ ਪ੍ਰਬੰਧਾਂ ਦੀ ਸਮੀਖਿਆ ਕੀਤੀ । ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਚੱਲ ਰਹੇ

ਕੰਮਾਂ ਨੂੰ ਤੁਰੰਤ ਮੁਕੰਮਲ ਕਰਨ ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ।

---------------------------------------------------------

ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ 4 ਨਵੰਬਰ 2025 ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਦੇ ਸੰਬੰਧ ‘ਚ ਸ਼੍ਰੋਮਣੀ ਕਮੇਟੀ ਵੱਲੋਂ 1802 ਸ਼ਰਧਾਲੂਆਂ ਦੇ ਪਾਸਪੋਰਟ ਵੀਜੇ ਲਈ ਪਾਕਿਸਤਾਨ ਦੂਤਘਰ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 1 ਹਜ਼ਾਰ 796 ਸ਼ਰਧਾਲੂਆਂ ਨੂੰ ਵੀਜੇ ਪ੍ਰਾਪਤ ਹੋਏ ਨੇ. ਉਨ੍ਹਾਂ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਜਾਣ ਵਾਲੇ ਸ਼ਰਧਾਲੂਆਂ ਨੂੰ ਖੁੱਲ੍ਹਦਿਲੀ ਨਾਲ ਵੀਜ਼ੇ ਦੇਣ ਲਈ ਭਾਰਤ ਅਤੇ ਪਾਕਿਸਤਾਨ ਸਰਕਾਰ ਦਾ ਧੰਨਵਾਦ ਵੀ ਕੀਤਾ।

---------------------------------------------------------

ਜਲੰਧਰ ਤੋਂ ਨਮਿਤਬੀਰ ਸਿੰਘ ਵਾਲੀਆ ਨੇ ਹਾਲ ਹੀ ਵਿੱਚ ਫਰਾਂਸ ਵਿੱਚ ਹੋਏ ਤੀਜੇ ਐਨੇਮਾਸੇ ਅੰਤਰਰਾਸ਼ਟਰੀ ਮਾਸਟਰਜ਼ ਟੂਰਨਾਮੈਂਟ ਵਿੱਚ

ਚੌਥਾ ਸਥਾਨ ਹਾਸਿਲ ਕੀਤਾ ਤੇ ਓਹ ਸ਼ਤਰੰਜ ਵਿੱਚ ਅੰਤਰਰਾਸ਼ਟਰੀ ਮਾਸਟਰ (IM) ਦਾ ਦਰਜਾ ਹਾਸਿਲ ਕੀਤਾ ਏ । ਨਮਿਤਬੀਰ ਦੇ ਕੋਚ ਕੰਵਰਜੀਤ ਸਿੰਘ ਨੇ ਸਾਢੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਨਮਿਤਬੀਰ ਨੇ ਛੇ ਸਾਲ ਦੀ ਉਮਰ ਵਿੱਚ ਸ਼ਤਰੰਜ ਖੇਡਣਾ ਸ਼ੁਰੂ ਕਰ ਦਿੱਤਾ ਸੀ. ਉਸਨੇ 2012 ਵਿੱਚ ਸੱਤ ਸਾਲ ਦੀ ਉਮਰ ਤੋਂ ਕੋਚਿੰਗ ਲੈਣੀ ਸ਼ੁਰੂ ਕੀਤੀ ਸੀ ਅਤੇ 7 ਸਾਲ ਤੋਂ ਘੱਟ ਉਮਰ ਦੇ ਵਰਗ ਵਿੱਚ ਵੀ ਖੇਡਿਆ। ਉਹ ਕੈਂਬਰਿਜ ਇੰਟਰਨੈਸ਼ਨਲ ਕੋ-ਐਡ ਸਕੂਲ, ਜਲੰਧਰ ਦਾ ਵਿਦਿਆਰਥੀ ਸੀ। ਉਸਦੇ ਮਾਤਾ – ਪਿਤਾ, ਅਰਵਿੰਦਰ ਪਾਲ ਸਿੰਘ ਅਤੇ ਸਤਵਿੰਦਰ ਕੌਰ ਵਾਲੀਆ ਬੇਹਦ ਖੁਸ਼ ਨੇ ਅਤੇ ਆਪਣੇ ਪੁੱਤਰ ਦੀ ਘਰ ਵਾਪਸੀ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਨੇ.

---------------------------------------------------------

ਜਲੰਧਰ ਦੇ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਖੇਡੇ ਜਾ ਰਹੇ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ'ਚ ਅੱਜ ਕੁਆਰਟਰ ਫਾਇਨਲ ਮੁਕਾਬਲੇ ਖੇਡੇ ਜਾ ਰਹੇ ਨੇ. ਇੰਡੀਅਨ ਨੇਵੀ ਮੁੰਬਈ ਦਾ ਮੁਕਾਬਲਾ ਇੰਡੀਅਨ ਏਅਰ ਫੋਰਸ ਦਿੱਲੀ ਨਾਲ, ਅਤੇ ਭਾਰਤੀ ਰੇਲਵੇ ਦਿੱਲੀ ਦਾ ਮੁਕਾਬਲਾ ਬੀਐਸਐਫ ਜਲੰਧਰ ਨਾਲ ਹੋ ਰਿਹਾ ਏ.

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਅੰਬਾਲਾ ਸਥਿਤ AIR FORCE STATION ਤੋਂ ਰਾਫੇਲ ਜੰਗੀ ਹਵਾਈ ਜਹਾਜ਼ ਵਿੱਚ ਉਡਾਣ ਭਰੀ।

- ਪੰਜਾਬ ਵਿੱਚ ਅੱਜ ਤੋਂ ਜਨਤਾ ਦੀ ਸਹੂਲਤ ਲਈ ਫੇਸਲੈੱਸ ਆਰ.ਟੀ.ਓ. ਸੇਵਾਵਾਂ ਸ਼ੁਰੂ ਹੋ ਗਈਆਂ ਨੇ।

- ਬੱਚਿਆਂ ਨੂੰ ਵੱਧ ਰਹੇ ਔਨਲਾਈਨ ਖਤਰਿਆਂ ਤੋਂ ਬਚਾਉਣ ਲਈ, ਪੰਜਾਬ ਪੁਲਿਸ ਦੇ ਸਾਈਬਰ ਅਪਰਾਧ ਡਿਵੀਜ਼ਨ ਵਲੋਂ ਰਾਜ ਵਿਆਪੀ ਪ੍ਰੋਗਰਾਮ 'ਸਾਈਬਰ ਜਾਗੋ' ਦੀ ਸ਼ੁਰੂਆਤ.

- ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ 100 ਲੱਖ ਮੀਟਰਿਕ ਟਨ ਨੂੰ ਪਾਰ ਕਰ ਗਈ ਏ.

- ਜਲੰਧਰ ਤੋਂ ਨਮਿਤਬੀਰ ਸਿੰਘ ਵਾਲੀਆ ਨੇ ਸ਼ਤਰੰਜ ਵਿੱਚ ਅੰਤਰਰਾਸ਼ਟਰੀ ਮਾਸਟਰ ਦਾ ਦਰਜਾ ਹਾਸਿਲ ਕੀਤਾ ਏ।

- 42ਵੇਂ ਇੰਡੀਅਨ ਆਾਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ'ਚ ਅੱਜ ਕੁਆਰਟਰ ਫਾਈਨਲ ਮੁਕਾਬਲੇ ਖੇਡੇ ਜਾ ਰਹੇ ਨੇ.

---

**ਇਸਦੇ ਨਾਲ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**